doubtnut
India's Number 1 Education App

# MATHS

## BOOKS - PSEB (PUNJABI MEDIUM)

## ਅੰਕੜਾ ਵਿਗਿਆਨ

### Exercise

1. ਵਿਦਿਆਰਥੀਆਂ ਦੇ ਇੱਕ ਸਮੂਹ ਦੁਆਰਾ ਆਪਣੇ ਵਾਤਾਵਰਨ ਚੇਤਨਾ ਅਭਿਆਨ ਦੇ ਅਧੀਨ ਇੱਕ ਸਰਵੇਖਣ ਕੀਤਾ ਗਿਆ ਜਿਸ ਵਿੱਚ ਉਹਨਾਂ ਨੇ ਇੱਕ ਮੁਹੱਲੇ ਦੇ 20 ਘਰਾਂ ਵਿੱਚ ਲੱਗੇ ਪੌਦਿਆਂ

ਨਾਲ ਸੰਬੰਧਿਤ ਹੇਠਾਂ ਲਿਖੇ ਅੰਕੜੇ ਇਕੱਠੇ ਕੀਤੇ। ਪ੍ਰਤਿ ਘਰ ਮੱਧਮਾਨ (ਔਸਤ) ਪੌਦਿਆਂ ਦੀ ਸੰਖਿਆ ਪਤਾ ਕਰੋ।

| ਪੌਦਿਆਂ ਦੀ ਸੰਖਿਆ | 0 - 2 | 2 - 4 | 4 - 6 | 6 - 8 | 8 - 10 | 10 - 12 | 12 - 14 |
|---|---|---|---|---|---|---|---|
| ਘਰਾਂ ਦੀ ਸੰਖਿਆ | 1 | 2 | 1 | 5 | 6 | 2 | 3 |

ਮੱਧਮਾਨ ਪਤਾ ਕਰਨ ਲਈ ਤੁਸੀਂ ਕਿਹੜੀ ਵਿਧੀ ਦਾ ਪ੍ਰਯੋਗ ਕੀਤਾ ਅਤੇ ਕਿਉਂ ?

Watch Video Solution

**2.** ਕਿਸੇ ਫੈਕਟਰੀ ਦੇ 50 ਮਜ਼ਦੂਰਾਂ ਦੀ ਰੋਜ਼ਾਨਾ ਮਜ਼ਦੂਰੀ ਦੇ ਹੇਠਾਂ ਲਿਖੀ ਵੰਡ ਸਾਰਣੀ ਉੱਤੇ ਵਿਚਾਰ ਕਰੋ[ਇੱਕ ਸਹੀ (ਉਚਿਤ) ਵਿਧੀ ਦਾ ਪ੍ਰਯੋਗ ਕਰਦੇ ਹੋਏ, ਇਸ ਫੈਕਟਰੀ ਦੇ ਮਜ਼ਦੂਰਾਂ ਦੀ ਮੱਧਮਾਨ

ਰੋਜ਼ਾਨਾ ਮਜ਼ਦੂਰੀ ਪਤਾ ਕਰੋ।

| ਰੋਜ਼ਾਨਾ ਮਜ਼ਦੂਰੀ (ਰੁਪਇਆਂ ਵਿੱਚ) | 100 - 120 | 120 - 140 | 140 - 160 | 160 - 180 | 180 - 200 |
|---|---|---|---|---|---|
| ਮਜ਼ਦੂਰਾਂ ਦੀ ਸੰਖਿਆ | 12 | 14 | 8 | 6 | 10 |

Watch Video Solution

**3.** ਹੇਠ ਦਿਤੀ ਵੰਡ ਸਾਰਣੀ ਇੱਕ ਮੁਹੱਲੇ ਦੇ ਬੱਚਿਆਂ ਦਾ ਰੋਜ਼ਾਨਾ ਜੇਬ ਖਰਚ ਨੂੰ ਦਰਸਾਉਂਦੀ ਹੈ।

| ਰੋਜ਼ਾਨਾ ਜੇਬ ਖਰਚਾ (ਰੁਪਏ ਵਿੱਚ) | 11 - 13 | 13 - 15 | 15 - 17 | 17 - 19 | 19 - 21 | 21 - 23 | 23 - 25 |
|---|---|---|---|---|---|---|---|
| ਬੱਚਿਆਂ ਦੀ ਸੰਖਿਆ | 7 | 6 | 9 | 13 | $f$ | 5 | 4 |

ਮੱਧਮਾਨ ਜੇਬ ਖਰਚਾ ₹18 ਹੈ। ਅਗਿਆਤ ਬਾਰੰਬਾਰਤਾ f ਪਤਾ ਕਰੋ:

Watch Video Solution

**4.** ਕਿਸੇ ਹਸਪਤਾਲ ਵਿੱਚ, ਇੱਕ ਡਾਕਟਰ ਦੁਆਰਾ 30 ਇਸਤਰੀਆਂ ਦੀ ਜਾਂਚ ਕੀਤੀ ਗਈ ਅਤੇ ਉਹਨਾਂ ਦੀ ਦਿਲ ਦੀ ਧੜਕਣ ਪ੍ਰਤੀ ਮਿੰਟ ਨੋਟ ਕਰਕੇ ਹੇਠਾਂ ਦਰਸਾਉਂਦੀ ਵੰਡ ਸਾਰਣੀ ਵਿੱਚ ਸੰਖੇਪ ਰੂਪ ਨਾਲ ਲਿਖੀ ਗਈ।

| ਦਿਲ ਦੀ ਧੜਕਣ ਦੀ ਪ੍ਰਤੀ ਮਿੰਟ ਸੰਖਿਆ | 65 - 68 | 68 - 71 | 71 - 74 | 74 - 77 | 77 - 80 | 80 - 83 | 83 - 86 |
|---|---|---|---|---|---|---|---|
| ਇਸਤਰੀਆਂ ਦੀ ਸੰਖਿਆ | 2 | 4 | 3 | 8 | 7 | 4 | 2 |

ਇੱਕ ਸਹੀ (ਉਚਿਤ) ਵਿਧੀ ਦੀ ਵਰਤੋਂ ਕਰਕੇ ਇਹਨਾਂ ਇਸਤਰੀਆਂ ਦੇ ਦਿਲ ਦੀ ਧੜਕਣ ਦੀ ਪ੍ਰਤੀ ਮਿੰਟ ਮੱਧਮਾਨ ਸੰਖਿਆ ਪਤਾ ਕਰੋ:

Watch Video Solution

**5.** ਕਿਸੇ ਬਜ਼ਾਰ ਵਿੱਚ, ਫ਼ਲ ਵਿਕ੍ਰੇਤਾ, ਪੇਟੀਆਂ ਵਿੱਚ ਰੱਖੇ ਅੰਬ ਵੇਚ ਰਹੇ ਸਨ। ਇਹਨਾਂ ਪੇਟੀਆਂ ਵਿੱਚ ਅੰਬਾਂ ਦੀ ਸੰਖਿਆ ਅਲੱਗ-ਅਲੱਗ ਸੀ। ਪੇਟੀਆਂ ਦੀ ਸੰਖਿਆ ਅਨੁਸਾਰ, ਅੰਬਾਂ ਦੀ ਵੰਡ ਹੇਠਲਿਖੇ ਅਨੁਸਾਰ ਸੀ:-

| ਅੰਬਾਂ ਦੀ ਸੰਖਿਆ | 50 - 52 | 53 - 55 | 56 - 58 | 59 - 61 | 62 - 64 |
|---|---|---|---|---|---|
| ਪੇਟੀਆਂ ਦੀ ਸੰਖਿਆ | 15 | 110 | 135 | 115 | 25 |

ਇੱਕ ਪੇਟੀ ਵਿੱਚ ਰੱਖੀ ਅੰਬਾਂ ਦੀ ਮੱਧਮਾਨ ਸੰਖਿਆ ਪਤਾ ਕਰੋ। ਤੁਸੀਂ ਮੱਧਮਾਨ ਕੱਢਣ ਲਈ ਕਿਹੜੀ ਵਿਧੀ ਦਾ ਪ੍ਰਯੋਗ ਕੀਤਾ ਹੈ?

Watch Video Solution

**6.** ਹਵਾ ਵਿੱਚ ਸਲਫਰ ਡਾਈਆਕਸਾਈਡ $(SO_2)$ ਦੀ ਮਾਤਰਾ (ਭਾਗ ਪ੍ਰਤੀ ਮਿਲਿਅਨ ਵਿੱਚ) ਪਤਾ ਕਰਨ ਲਈ ਇੱਕ ਇਲਾਕੇ ਦੇ 30 ਮੁਹੱਲਿਆਂ ਵਿੱਚੋਂ ਅੰਕੜੇ ਇਕੱਠੇ ਕੀਤੇ ਗਏ ਜਿਹਨਾਂ ਨੂੰ ਹੇਠ ਦਿੱਤੇ ਅਨੁਸਾਰ ਵਰਗੀਕ੍ਰਿਤ ਕੀਤਾ ਗਿਆ:-

| $SO_2$ ਦੀ ਮਾਤਰਾ | ਬਾਰੰਬਾਰਤਾ |
|---|---|
| 0.00 - 0.04 | 4 |
| 0.04 - 0.08 | 9 |
| 0.08 - 0.12 | 9 |
| 0.12 - 0.16 | 2 |
| 0.16 - 0.20 | 4 |
| 0.20 - 0.24 | 2 |

ਹਵਾ ਵਿਚ $SO_2$ ਦੀ ਮਾਤਰਾ ਦਾ ਮੱਧਮਾਨ ਪਤਾ ਕਰੋ।

Watch Video Solution

**7.** ਕਿਸੇ ਜਮਾਤ ਦੀ ਅਧਿਆਪਕਾ ਨੇ ਪੂਰੇ ਸਾਲ ਦੌਰਾਨ ਆਪਣੀ ਜਮਾਤ ਦੇ 40 ਵਿਦਿਆਰਥੀਆਂ ਦੀ ਗੈਰਹਾਜ਼ਰੀ ਨੂੰ ਹੇਠ ਲਿਖੇ ਅਨੁਸਾਰ ਰਿਕਾਰਡ ਕੀਤਾ।

| ਦਿਨਾਂ ਦੀ ਸੰਖਿਆ | 0 - 6 | 6 - 10 | 10 - 14 | 14 - 20 | 20 - 28 | 28 - 38 | 38 - 40 |
|---|---|---|---|---|---|---|---|
| ਵਿਦਿਆਰਥੀਆਂ ਦੀ ਸੰਖਿਆ | 11 | 10 | 7 | 4 | 4 | 3 | 1 |

ਇੱਕ ਵਿਦਿਆਰਥੀ ਜਿੰਨੇ ਦਿਨ ਗੈਰਹਾਜ਼ਰ ਰਿਹਾ ਉਸਦਾ ਮੱਧਮਾਨ ਪਤਾ ਕਰੋ:

Watch Video Solution

**8.** ਹੇਠਾਂ ਦਿੱਤੀ ਸਾਰਣੀ 35 ਸ਼ਹਿਰਾਂ ਦੀ ਸਾਖਰਤਾ ਦਰ (ਪ੍ਰਤੀਸ਼ਤ ਵਿੱਚ ) ਦਰਸਾਉਂਦੀ ਹੈ।

| ਸਾਖਰਤਾ ਦਰ (% ਵਿੱਚ) | 45 - 55 | 55 - 65 | 65 - 75 | 75 - 85 | 85 - 95 |
|---|---|---|---|---|---|
| ਸ਼ਹਿਰਾਂ ਦੀ ਸੰਖਿਆ | 3 | 10 | [illegible] | 8 | 3 |

ਮੱਧਮਾਨ ਸਾਖਰਤਾ ਦਰ ਪਤਾ ਕਰੋ:-

Watch Video Solution

**9.** ਹੇਠ ਦਿੱਤੇ ਅੰਕੜੇ , 225 ਬਿਜਲੀ ਉਪਕਰਨਾਂ ਦੇ ਜੀਵਨ ਕਾਲ (ਘੰਟਿਆਂ ਵਿਚ) ਦੀ ਸੂਚਨਾ ਦਿੰਦੇ ਹਨ:

| ਜੀਵਨਕਾਲ (ਘੰਟਿਆਂ ਵਿਚ) | 0 - 20 | 20 - 40 | 40 - 60 | 60 - 80 | 80 - 100 | 100 - 120 |
|---|---|---|---|---|---|---|
| ਬਾਰੰਬਾਰਤਾ | 10 | 35 | 52 | 61 | 38 | 29 |

ਉਪਕਰਨਾਂ ਦਾ ਬਹੁਲਕ ਜੀਵਨ ਕਾਲ ਪਤਾ ਕਰੋ।

Watch Video Solution

**10.** ਦਿੱਤੀ ਹੋਈ ਵੰਡ ਸਾਰਣੀ ਵਿਸ਼ਵ ਦੇ ਕੁਝ ਵਧੀਆਂ ਬੱਲੇਬਾਜ਼ਾਂ ਦੁਆਰਾ ਇੱਕ ਰੋਜ਼ਾ ਅੰਤਰਰਾਸ਼ਟਰੀ ਕ੍ਰਿਕਟ ਮੈਚਾਂ ਵਿੱਚ ਬਣਾਈਆਂ ਗਈਆਂ ਦੌੜਾਂ ਨੂੰ ਦਰਸਾਉਂਦੀ ਹੈ:-

| ਬਣਾਈਆਂ ਗਈਆਂ ਦੌੜਾਂ | ਬੱਲੇਬਾਜ਼ਾਂ ਦੀ ਸੰਖਿਆ |
|---|---|
| 3000 - 4000 | 4 |
| 4000 - 5000 | 18 |
| 5000 - 6000 | 9 |
| 6000 - 7000 | 7 |
| 7000 - 8000 | 6 |
| 8000 - 9000 | 3 |
| 9000 - 10,000 | 1 |
| 10,000 - 11,000 | 1 |

ਇਹਨਾਂ ਅੰਕੜਿਆਂ ਦਾ ਬਹੁਲਕ ਪਤਾ ਕਰੋ।

Watch Video Solution

**11.** ਜੇਕਰ ਹੇਠ ਦਿੱਤੀ ਗਈ ਵੰਡ ਦੀ ਮੱਧਿਕਾ 28.5 ਹੋਵੇ ਤਾਂ ਅਤੇ ਦੇ ਮੁੱਲ ਪਤਾ ਕਰੋ:

| ਵਰਗ ਅੰਤਰਾਲ | | ਬਾਰੰਬਾਰਤਾ |
|---|---|---|
| 0 - 10 | | 5 |
| 10 - 20 | | $x$ |
| 20 - 30 | | 20 |
| 30 - 40 | | 15 |
| 40 - 50 | | $y$ |
| 50 - 60 | | 5 |
| ਜੋੜ | | 60 |

Watch Video Solution